# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 11-07-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਦੋ ਦੇਸ਼ਾਂ, ਰੂਸ ਅਤੇ ਆਸਟ੍ਰੀਆ ਦੀ ਸਰਕਾਰੀ ਯਾਤਰਾ ਪੂਰੀ ਕਰਨ ਤੋਂ ਬਾਅਦ ਅੱਜ ਸਵੇਰੇ ਨਵੀਂ ਦਿੱਲੀ ਪ੍ਰੁੱਜੇ। ਆਪਣੇ ਆਸਟ੍ਰੀਆ ਦੌਰੇ ਨੂੰ ਪ੍ਰਧਾਨ ਮੰਤਰੀ ਮੋਦੀ ਨੇ, ਇਤਿਹਾਸਕ ਅਤੇ ਬਹੁਤ ਲਾਭਦਾਇਕ ਦੱਸਿਆ ਏ। ਆਸਟ੍ਰੀਆ ਦੀ ਆਪਣੀ ਫੇਰੀ ਦੀ ਸਮਾਪਤੀ 'ਤੇ, ਉਨਾਂ ਕਿਹਾ ਕਿ ਉਹ, ਵਿਆਨਾ ਵਿੱਚ ਵੱਖ-ਵੱਖ ਪ੍ਰੋਗਰਾਮਾਂ ਵਿੱਚ ਹਿੱਸਾ ਲੈ ਕੇ ਬਹੁਤ ਖੁਸ਼ ਨੇ। ਉਨਾਂ ਚਾਂਸਲਰ ਕਾਰਲ ਨੇਹਮਰ ਅਤੇ ਆਸਟ੍ਰੀਆ ਦੀ ਸਰਕਾਰ ਤੇ ਆਸਟ੍ਰੀਆ ਦੇ ਲੋਕਾਂ ਵਲੋਂ, ਪਰਾਹੁਣਚਾਰੀ ਅਤੇ ਨਿੱਘ ਲਈ ਧੰਨਵਾਦ ਪ੍ਰਗਟ ਕੀਤਾ। ਵਿਆਨਾ ਵਿਚ ਭਾਰਤੀ ਮੂਲ ਦੇ ਲੋਕਾਂ ਨੂੰ ਸੰਬੋਧਨ ਕਰਦੇ ਹੋਏ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਦੁਨੀਆ ਭਰ ਦੇ ਲੋਕ, ਭਾਰਤ ਤੋਂ ਬਹੁਤ ਕੁਝ ਸਿੱਖਣਾ ਚਾਹੁੰਦੇ ਨੇ।

---

ਭਰਤੀ ਜਨਤਾ ਪਾਰਟੀ ਆਗੂ ਪ੍ਰਨੀਤ ਕੌਰ ਨੇ, ਪ੍ਰਧਾਨ ਮੰਤਰੀ ਨਰੇਂਦਰ

ਮੋਦੀ ਦਾ ਰੂਸ-ਯੂਕਰੇਨ ਯੁੱਧ ਵਿੱਚ ਲੜਨ ਲਈ, ਜਬਰੀ ਭਰਤੀ ਕੀਤੇ ਭਾਰਤੀ ਨੌਜਵਾਨਾਂ ਦੀ ਰਿਹਾਈ ਵਾਸਤੇ ਸਫਲ ਕੂਟਨੀਤਕ ਯਤਨਾਂ ਲਈ ਤਹਿ ਦਿਲੋਂ ਧੰਨਵਾਦ ਕੀਤਾ ਏ । ਪਟਿਆਲਾ ਤੋਂ ਜਾਰੀ ਇੱਕ ਬਿਆਨ ਵਿੱਚ, ਉਨਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਅਤੇ ਕੂਟਨੀਤੀ, ਸੱਚਮੁੱਚ ਸ਼ਲਾਘਾਯੋਗ ਏ ਅਤੇ ਨਾਗਰਿਕਾਂ ਦੀ ਸੁਰੱਖਿਆ ਤੇ ਭਲਾਈ ਲਈ ਪ੍ਰਧਾਨ ਮੰਤਰੀ ਦੀ ਅਟੁੱਟ ਵਚਨਬੱਧਤਾ ਲਈ, ਅਸੀਂ ਉਨ੍ਹਾਂ ਦੇ ਧੰਨਵਾਦੀ ਹਾਂ । ਪ੍ਰਨੀਤ ਕੌਰ ਰੂਸ ਵਿੱਚ ਫਸੇ ਭਾਰਤੀ ਨੌਜਵਾਨਾਂ, ਖਾਸ ਕਰਕੇ ਪਟਿਆਲਾ ਲੋਕ ਸਭਾ ਹਲਕੇ ਦੇ ਪਿੰਡ ਡਕਾਲਾ ਦੇ 21 ਸਾਲਾ ਗੁਰਪ੍ਰੀਤ ਸਿੰਘ ਦੇ ਮਾਮਲੇ ਦੀ ਸਰਗਰਮੀ ਨਾਲ ਪੈਰਵੀ ਕਰ ਰਹੇ ਨੇ ।

---------------------------------------------------------------

ਕੇਂਦਰੀ ਸਿਹਤ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ, ਦੇਸ਼ ਵਿੱਚ ਡੇਂਗੂ ਨੂੰ ਫੈਲਣ ਤੋਂ ਰੋਕਣ ਲਈ ਤਿਆਰੀਆਂ ਦਾ ਜਾਇਜ਼ਾ ਲੈਣ ਲਈ, ਕਲ ਨਵੀਂ ਦਿੱਲੀ ਵਿੱਚ ਸਮੀਖਿਆ ਮੀਟਿੰਗ ਕੀਤੀ । ਉਨ੍ਹਾਂ ਕਿਹਾ ਕਿ ਡੇਂਗੂ ਦੀ ਰੋਕਥਾਮ ਤੇ ਪ੍ਰਬੰਧਨ ਲਈ ਮੰਤਰਾਲਾ ਯੋਜਨਾਵਾਂ ਤਿਆਰ ਕਰ ਰਿਹਾ ਏ ਅਤੇ ਸੂਬਿਆਂ ਨਾਲ ਮਿਲ ਕੇ ਕੰਮ ਕਰ ਰਿਹਾ ਏ । ਜਗਤ ਪ੍ਰਕਾਸ਼ ਨੱਡਾ ਨੇ ਕਿਹਾ ਕਿ ਮੰਤਰਾਲਾ, 24 ਘੰਟੇ ਚੱਲਣ ਵਾਲੀ ਡੇਂਗੂ ਹੈਲਪ-ਲਾਈਨ

ਸ਼ੁਰੂ ਕਰੇਗਾ ਅਤੇ ਸੂਬਿਆਂ ਨੂੰ ਅਗਲੇ ਚਾਰ-ਪੰਜ ਦਿਨਾਂ ਵਿੱਚ ਡੇਂਗੂ ਹੈਲਪ-ਲਾਈਨ ਸ਼ੁਰੂ ਕਰਨ ਲਈ ਕਿਹਾ ਗਿਆ ਏ।

---------------------------------------------------------------

ਜਲੰਧਰ ਪੱਛਮੀ ਵਿਧਾਨ ਸਭਾ ਹਲਕੇ ਦੀ ਜ਼ਿਮਨੀ ਚੋਣ ਲਈ ਵੋਟਾਂ ਪੈਣ ਦਾ ਕੰਮ ਕਲ ਅਮਨ-ਅਮਾਨ ਨਾਲ ਨੇਪਰੇ ਚੜ੍ਹ ਗਿਆ। ਹਲਕੇ ਵਿਚ ਕੁਲ 54.98 ਫੀਸਦੀ ਪੋਲਿੰਗ ਦਰਜ ਕੀਤੀ ਗਈ ਏ। ਜ਼ਿਲ੍ਹਾ ਚੋਣ ਅਫ਼ਸਰ ਤੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਮਨੀ ਚੋਣ ਸ਼ਾਂਤੀਪੂਰਨ ਢੰਗ ਨਾਲ ਹੋਈ ਅਤੇ ਵੋਟਿੰਗ ਪ੍ਰਕਿਰਿਆ ਦੌਰਾਨ ਹਿੰਸਾ ਦੀ ਕੋਈ ਘਟਨਾ ਨਹੀਂ ਹੋਈ। ਉਨ੍ਹਾਂ ਦੱਸਿਆ ਕਿ ਵੋਟਾਂ ਦੀ ਗਿਣਤੀ 13 ਜੁਲਾਈ ਨੂੰ, ਸਵੇਰੇ 8 ਵਜੇ ਤੋਂ ਲਾਇਲਪੁਰ ਖਾਲਸਾ ਕਾਲਜ ਫਾਰ ਵੂਮੈਨ ਵਿਖੇ ਹੋਵੇਗੀ। ਉਨ੍ਹਾਂ ਹਲਕੇ ਵਿੱਚ ਸਮੁੱਚੀ ਪੋਲਿੰਗ ਪ੍ਰਕਿਰਿਆ ਸੁਚਾਰੂ ਅਤੇ ਨਿਰਵਿਘਨ ਢੰਗ ਨਾਲ ਨੇਪਰੇ ਚਾੜ੍ਹਨ ਨੂੰ ਯਕੀਨੀ ਬਣਾਉਣ ਲਈ ਸਾਰੇ ਵੋਟਰਾਂ, ਚੋਣ ਅਮਲੇ ਅਤੇ ਸੁਰੱਖਿਆ ਬਲਾਂ ਦਾ ਧੰਨਵਾਦ ਕੀਤਾ।

---------------------------------------------------------------

NEET UG ਪੇਪਰ ਲੀਕ ਮਾਮਲੇ ਦੀ ਕੇਂਦਰੀ ਜਾਂਚ ਬਿਊਰੋ ਵਲੋਂ ਜਾਂਚ ਅਤੇ ਸਰਵਉੱਚ ਅਦਾਲਤ ਵਲੋਂ ਸੁਣਵਾਈ ਕੀਤੇ ਜਾਣ 'ਤੇ ਲੋਕ ਕਾਫੀ

ਸੰਤੁਸ਼ਟ ਨੇ। ਮੋਗਾ ਅਤੇ ਫਾਜ਼ਿਲਕਾ ਜ਼ਿਲੇ ਦੇ ਲੋਕਾਂ ਕਹਿਣਾ ਏ ਕਿ ਦੋਸ਼ੀਆਂ ਨੂੰ ਸਖਤ ਸਜ਼ਾ ਮਿਲਣੀ ਚਾਹੀਦੀ ਏ।

--------------------------------------------------------

ਫਤਹਿਗੜ੍ਹ ਸਾਹਿਬ ਜ਼ਿਲੇ ਵਿਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਵਾਤਾਵਰਨ ਨੂੰ ਪ੍ਰਦੂਸ਼ਣ ਰਹਿਤ ਕਰਨ ਅਤੇ ਵਾਤਾਵਰਨ ਦੀ ਸੰਭਾਲ ਸਬੰਧੀ ਸ਼ੁਰੂ ਕੀਤੀ ਜਾਗਰੂਕਤਾ ਮੁਹਿੰਮ ਦੀ ਕਾਮਯਾਬੀ ਲਈ ਚੀਫ ਜੂਡੀਸ਼ੀਅਲ ਮੈਜਿਸਟ੍ਰੇਟ ਤੇ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੀਪਤੀ ਗੋਇਲ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਕਚਹਿਰੀਆਂ ਵਿਖੇ ਵੱਖ-ਵੱਖ ਸਬ-ਡਵੀਜ਼ਨਾਂ ਦੇ ਐੱਸ.ਡੀ.ਐੱਮਜ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ। ਉਨ੍ਹਾਂ ਕਿਹਾ ਕਿ ਦਿਨ-ਬ-ਦਿਨ ਵੱਧਦੇ ਤਾਪਮਾਨ ਕਾਰਨ, ਸਮਾਜ ਦਾ ਹਰ ਵਰਗ ਪ੍ਰਭਾਵਿਤ ਹੋ ਰਿਹਾ ਏ, ਅਤੇ ਲੰਮੇ ਅਰਸੇ ਤੋਂ ਦਰੱਖਤਾਂ ਦੀ ਬੇਰਹਿਮੀ ਨਾਲ ਹੋਣ ਵਾਲੀ ਕਟਾਈ, ਇਸ ਲਈ ਜ਼ਿੰਮੇਵਾਰ ਏ। ਦੀਪਤੀ ਗੋਇਲ ਨੇ ਕਿਹਾ ਕਿ ਇਸ ਲਈ, ਵੱਧ ਤੋਂ ਵੱਧ ਬੂਟੇ ਲਗਾ ਕੇ ਤੇ ਵਾਤਾਵਰਨ ਨੂੰ ਹਰਾ ਭਰਾ ਬਣਾ ਕੇ ਵੱਧਦੇ ਤਾਪਮਾਨ ਨੂੰ ਘਟ ਕੀਤਾ ਜਾ ਸਕਦਾ ਏ ਅਤੇ ਵਾਤਾਵਰਨ ਵਿੱਚ ਪੈਦਾ ਹੋਈ ਨਾ ਬਰਾਬਰੀ ਨੂੰ ਸੰਤੁਲਿਤ ਕੀਤਾ ਜਾ ਸਕਦਾ ਏ।